ਦਫਤਰ ਜਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ। 2112/4

(ਫੁਟਕਲ ਸ਼ਾਖਾ) 7-9-18

**ਫੌਜਦਾਰੀ ਧਾਰਾ 144 ਅਧੀਨ ਹੁਕਮ**

ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਸਾਹਿਬਜਾਦਾ ਅਜੀਤ ਸਿੰਘ ਨਗਰ ਵੱਲੋਂ ਪੱਤਰ ਨੰਬਰ 4676 ਮਿਤੀ 06/08/2018 ਅਤੇ ਕਾਰਜਕਾਰੀ ਇੰਜੀਨੀਅਰ, ਜਲ ਸਪਲਾਈ ਅਤੇ ਸੈਨੀਟੇਸ਼ਨ ਮੰਡਲ-3, ਸਾਹਿਬਜਾਦਾ ਅਜੀਤ ਸਿੰਘ ਨਗਰ ਵੱਲੋਂ ਪੱਤਰ ਨੰਬਰ: 7209 ਮਿਤੀ 24/08/2018 ਰਾਹੀਂ ਮੇਰੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀ ਕਰਮਚਾਰੀ ਯੂਨੀਅਨ ਅਤੇ ਹੋਰ ਕਈ ਯੂਨੀਅਨਾ ਵੱਲੋ ਆਮ ਤੌਰ ਤੇ ਵਾਰ-ਵਾਰ ਫੇਜ਼ 1 ਅਤੇ ਫੇਜ਼ 2 ਵਿੱਚ ਇਨ੍ਹਾਂ ਵਿਭਾਗਾ ਦੇ ਦਫਤਰਾ ਅੱਗੇ ਅਤੇ ਨੇੜੇ ਧਰਨੇ ਤੇ ਮੁਜ਼ਾਹਰੇ ਕੀਤੇ ਜਾਂਦੇ ਹਨ। ਅਜਿਹਾ ਕਰਨ ਨਾਲ ਦਫਤਰ ਵਿੱਚ ਕੰਮ ਕਰਦੇ ਕਰਮਚਾਰੀਆਂ ਅਤੇ ਆਮ ਜਨਤਾ ਨੂੰ ਦਫਤਰ ਵਿੱਚ ਆਉਣ ਵਿੱਚ ਮੁਸ਼ਕਲ ਪੇਸ਼ ਆਉਂਦੀ ਹੈ। ਇਸ ਤੋਂ ਇਲਾਵਾ ਜਾਨੀ-ਮਾਲੀ ਨੁਕਸਾਨ ਹੋ ਸਕਦਾ ਹੈ ਅਤੇ ਜਿਸ ਨਾਲ ਅਮਨ ਤੇ ਕਾਨੂੰਨ ਦੀ ਸਥਿੱਤੀ ਵੀ ਭੰਗ ਹੋ ਸਕਦੀ ਹੈ। ਇਸ ਸਾਰੀ ਸਥਿੱਤੀ ਦੇ ਮੱਦੇ ਨਜ਼ਰ ਇਨ੍ਹਾਂ ਕਾਰਵਾਈਆਂ ਨੂੰ ਰੋਕਣ ਦੀ ਸਖਤ ਜ਼ਰੂਰਤ ਹੈ।

ਇਸ ਲਈ ਮੈਂ, ਗੁਰਪ੍ਰੀਤ ਕੌਰ ਸਪਰਾ, ਆਈ.ਏ.ਐਸ., ਜ਼ਿਲ੍ਹਾ ਮੈਜਿਸਟਰੇਟ, ਸਾਹਿਬਜਾਦਾ ਅਜੀਤ ਸਿੰਘ ਨਗਰ ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਪ੍ਰਾਪਤ ਹੋਈਆਂ ਸ਼ਕਤੀਆਂ ਦੀ ਵਰਤੋਂ ਕਰਦੀ ਹੋਈ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਫੇਜ਼ 1 ਅਤੇ 2, ਸਾਹਿਬਜਾਦਾ ਅਜੀਤ ਸਿੰਘ ਨਗਰ ਵਿਖੇ ਸਥਿਤ ਦਫਤਰਾ ਦੇ ਆਸ-ਪਾਸ ਦੇ ਏਰੀਆ ਵਿੱਚ ਧਰਨੇ/ਰੈਲੀਆਂ ਕਰਨ ਤੇ ਪੂਰਨ ਤੌਰ ਤੇ ਪਾਬੰਦੀ ਲਗਾਉਂਦੀ ਹਾਂ ਤਾਂ ਜੋ ਅਮਨ ਤੇ ਕਾਨੂੰਨ ਦੀ ਵਿਵਸਥਾ ਕਾਇਮ ਰੱਖੀ ਜਾ ਸਕੇ।

ਇਹ ਹੁਕਮ ਮਿਤੀ 29/08/2018 ਤੋਂ 28/10/2018 ਤੱਕ ਉਕਤ ਦਰਸਾਏ ਸਥਾਨ ਤੇ ਤੁਰੰਤ ਅਸਰ ਨਾਲ ਲਾਗੂ ਹੋਵੇਗਾ।

ਹਾਲਾਤ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਜਾਰੀ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਿਤ ਕੀਤਾ ਜਾਂਦਾ ਹੈ।

ਸੀਨੀਅਰ ਕਪਤਾਨ ਪੁਲਿਸ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਇਸ ਹੁਕਮ ਦੀ ਪਾਲਣਾ ਕੀਤੀ ਜਾਣੀ ਯਕੀਨੀ ਬਣਾਉਣਗੇ।

ਇਸ ਹੁਕਮ ਦਾ ਪ੍ਰਚਾਰ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਇਲਾਕਿਆਂ ਵਿੱਚ ਜ਼ਿਲਾ ਲੋਕ ਸੰਪਰਕ ਅਫਸਰ, ਐਸ.ਏ.ਐਸ ਨਗਰ ਦੀ ਪ੍ਰਚਾਰ ਵੈਨ ਅਤੇ ਸਰਕਾਰੀ ਦਫ਼ਤਰਾਂ ਦੇ ਨੋਟਿਸ ਬੋਰਡਾਂ ਤੇ ਇਸ ਹੁਕਮ ਦੀਆਂ ਕਾਪੀਆਂ ਚਸਪਾ ਕਰਕੇ ਰੇਡੀਓ ਟੈਲੀਵਿਜ਼ਨ, ਦੂਰ ਦਰਸ਼ਨ ਅਤੇ ਪ੍ਰੈਸ ਰਾਹੀਂ ਆਮ ਜਨਤਾ ਤੱਕ ਪਹੁੰਚਾਇਆ ਜਾਵੇ।

ਇਹ ਹੁਕਮ ਅੱਜ ਮਿਤੀ 29/08/2018 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਸਹੀ
ਗੁਰਪ੍ਰੀਤ ਕੌਰ ਸਪਰਾ, ਆਈ.ਏ.ਐਸ.,
ਜ਼ਿਲ੍ਹਾ ਮੈਜਿਸਟਰੇਟ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ: 16100 - 16179 /ਐਮ.ਸੀ-1 ਮਿਤੀ: 06-09-18

ਇਸ ਦਾ ਇੱਕ ਉਤਾਰਾ:-

1. ਮੁੱਖ ਸਕੱਤਰ,ਪੰਜਾਬ ਸਰਕਾਰ,ਚੰਡੀਗੜ੍ਹ।
2. ਪ੍ਰਮੁੱਖ ਸਕੱਤਰ ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ,ਚੰਡੀਗੜ੍ਹ।
3. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
4. ਡੀ.ਆਈ.ਜੀ. ਰੇਂਜ ਰੂਪਨਗਰ।
5. ਡਾਇਰੈਕਟਰ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਪੰਜਾਬ, ਸਾਹਿਬਜਾਦਾ ਅਜੀਤ ਸਿੰਘ ਨਗਰ।
6. ਮੁੱਖ ਪ੍ਰਸ਼ਾਸਕ, ਗਮਾਡਾ/ਪੁੱਡਾ, ਸਾਹਿਬਜਾਦਾ ਅਜੀਤ ਸਿੰਘ ਨਗਰ।
7. ਡਾਇਰੈਕਟਰ, ਪਸ਼ੂ ਪਾਲਣ ਵਿਭਾਗ, ਪੰਜਾਬ, ਸਾਹਿਬਜਾਦਾ ਅਜੀਤ ਸਿੰਘ ਨਗਰ।
8. ਮੁੱਖ ਇੰਜੀਨੀਅਰ, ਵਾਟਰ ਰਿਸੋਰਸਿਜ਼ ਭਵਨ, ਪੰਜਾਬ ਸੈਕਟਰ-68, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
9. ਮੁੱਖ ਵਣ ਪਾਲ, ਵਣ ਭਵਨ, ਪੰਜਾਬ, ਸੈਕਟਰ-68, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
10. ਜਿਲਾ ਅਤੇ ਸੈਸ਼ਨ ਜੱਜ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
11. ਸਕੱਤਰ,ਪੰਜਾਬ ਸਕੂਲ ਸਿੱਖਿਆ ਬੋਰਡ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
12. ਸੀਨੀਅਰ ਪੁਲਿਸ ਕਪਤਾਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
13. ਸਮੂਹ ਜਿਲਾ ਮੈਜਿਸਟਰੇਟ ਰੂਪਨਗਰ, ਫਤਹਿਗੜ੍ਹ ਸਾਹਿਬ, ਪਟਿਆਲਾ, ਸੰਗਰੂਰ, ਮਾਨਸਾ, ਲੁਧਿਆਣਾ, ਬਠਿੰਡਾ, ਫਿਰੋਜ਼ਪੁਰ, ਫਰੀਦਕੋਟ, ਮੋਗਾ, ਮੁਕਤਸਰ, ਅਮ੍ਰਿਤਸਰ, ਤਰਨ ਤਾਰਨ, ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ, ਗੁਰਦਾਸਪੁਰ, ਬਰਨਾਲਾ, ਫਾਜ਼ਲਿਕਾ, ਪਠਾਨਕੋਟ।
14. ਕਮਿਸ਼ਨਰ, ਨਗਰ ਨਿਗਮ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
15. ਵਧੀਕ ਮੁੱਖ ਪ੍ਰਸ਼ਾਸਕ, ਗਮਾਡਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
16. ਰਜਿਸਟਰਾਰ, ਪੰਜਾਬ ਮੈਡੀਕਲ ਕੌਂਸਲ, ਸੈਕਟਰ-69, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
17. ਸਿਵਲ ਸਰਜਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
18. ਜ਼ਿਲ੍ਹਾ ਟਰਾਂਸਪੋਰਟ,ਅਫਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
19. ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
20. ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
21. ਜੀ.ਐਮ., ਬੀ.ਐਸ.ਐਨ.ਐਲ., ਫੇਜ-4, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
22. ਉਪ ਮੰਡਲ ਮੈਜਿਸਟਰੇਟ, ਮੋਹਾਲੀ, ਖਰੜ, ਡੇਰਾਬਸੀ।
23. ਤਹਿਸੀਲਦਾਰ, ਮੋਹਾਲੀ, ਖਰੜ, ਡੇਰਾਬਸੀ।
24. ਨਾਇਬ ਤਹਿਸੀਲਦਾਰ, ਮਾਜਰੀ, ਬਨੂੰੜ, ਜੀਰਕਪੁਰ।
25. ਕਾਰਜਕਾਰੀ ਇੰਜੀਨੀਅਰ, ਵਾਟਰ ਸਪਲਾਈ ਅਤੇ ਸੈਨੀਟੇਸ਼ਨ ਮੰਡਲ ਨੰ: 1, 2 ਅਤੇ 3, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
26. ਕਾਰਜਕਾਰੀ ਇੰਜੀਨੀਅਰ, ਕੇਂਦਰੀ ਕਾਰਜ ਮੰਡਲ, ਲੋਕ ਨਿਰਮਾਣ ਵਿਭਾਗ, ਭ: ਤੇ ਮ: ਸ਼ਾਖਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
27. ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋਕ ਨਿਰਮਾਣ ਵਿਭਾਗ, ਭ: ਤੇ ਮ: ਸ਼ਾਖਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
28. ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ, ਲੋਕ ਨਿਰਮਾਣ ਵਿਭਾਗ, ਭ: ਤੇ ਮ: ਸ਼ਾਖਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
26. ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਮਾਜਰੀ, ਖਰੜ, ਡੇਰਾਬਸੀ।
27. ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ, ਖਰੜ, ਕੁਰਾਲੀ, ਡੇਰਾਬਸੀ, ਨਿਆ ਗਰਾਓ, ਜੀਰਕਪੁਰ, ਬਨੂੜ ਅਤੇ ਲਾਲੜੂ।
28. ਜ਼ਿਲ੍ਹਾ ਇੰਨਫੋਰਮੈਟਿਕ ਅਫਸਰ, ਸਾਹਿਬਜਾਦਾ ਅਜੀਤ ਸਿੰਘ ਨਗਰ ਨੂੰ ਧਾਰਾ 144 ਦੇ ਹੁਕਮ ਜਿਲ੍ਹੇ ਦੀ ਵੈਬ ਸਾਈਟ ਤੇ ਅਪ ਲੋਡ ਕਰਨ ਸਬੰਧੀ।
29. ਸਕੱਤਰ, ਮਾਰਕੀਟ ਕਮੇਟੀ, ਖਰੜ, ਡੇਰਾਬਸੀ, ਕੁਰਾਲੀ, ਲਾਲੜੂ ਅਤੇ ਬਨੂੰੜ।
30. ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
31. ਜ਼ਿਲ੍ਹਾ ਸਿੱਖਿਆ ਅਫ਼ਸਰ, ਪ੍ਰਾਇਮਰੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
32. ਸੁਪਰਡੰਟ ਗਰੇਡ-1/ਪੀ.ਏ.ਟੂ ਡੀ.ਐਮ./ਸਟੈਨੋ ਟੂ ਏ.ਡੀ.ਐਮ.(ਜ)/ਸਟੈਨੋ ਟੂ ਸ:ਕ:(ਜ:/ਸਿ:) ਨੂੰ ਸੂਚਨਾ ਤੇ ਅਗਲੀ ਕਾਰਵਾਈ ਹਿੱਤ।

ਸੀਨੀਅਰ ਕਪਤਾਨ ਪੁਲਿਸ,
ਐਸ.ਏ.ਐਸ. ਨਗਰ
6-9-18

ਸਹਾਇਕ ਕਮਿਸ਼ਨਰ (ਜ),
ਸਾਹਿਬਜ਼ਾਦਾ ਅਜੀਤ ਸਿੰਘ ਨਗਰ।